19 Oct. Tarntaran-5-12.qxd 10/19/2025 11:35 PM Page 1

ਭਗਵੰਤ ਮਾਨ ਸਰਕਾਰ ਖ਼ਿਲਾਫ਼ ਪੋਲ ਖੋਲ੍ਹ ਰੈਲੀ ਕੱਢਣ ਮੌਕੇ ਈ.ਟੀ.ਟੀ. ਟੈੱਟ ਪਾਸ ਅਧਿਆਪਕ ਨਾਅਰੇਬਾਜੀ ਕਰਦੇ ਹੋਏ। ਤਸਵੀਰ: ਮਨਜੀਤ ਸਿੰਘ

ਈ.ਟੀ.ਟੀ. ਟੈੱਟ ਪਾਸ ਅਧਿਆਪਕਾਂ ਵਲੋਂ ਤਰਨ ਤਾਰਨ ਸ਼ਹਿਰ ਵਿਚ ਭਗਵੰਤ ਮਾਨ ਸਰਕਾਰ ਖ਼ਿਲਾਫ਼ ਪੋਲ ਖੋਲ੍ਹ ਰੈਲੀ

ਤਰਨ ਤਾਰਨ, 19 ਅਕਤੂਬਰ (ਹਰਿੰਦਰ ਸਿੰਘ)-,ਈ.ਟੀ.ਟੀ .ਟੈੱਟ ਪਾਸ ਅਧਿਆਪਕ ਐਸੋਸੀਏਸ਼ਨ (6505) ਜੈ ਸਿੰਘ ਵਾਲਾ ਵਲੋਂ ਹਲਕਾ ਤਰਨ ਤਾਰਨ ਸ਼ਹਿਰ ਵਿਖੇ ਸਰਕਾਰ ਦੇ ਵਿਰੁੱਧ ਇਕ ਭੰਡੀ ਪ੍ਰਚਾਰ, ਪੋਲ ਖੋਲ ਰੈਲੀ ਕੱਢੀ ਗਈ। ਇਸ ਰੈਲੀ ਵਿਚ ਸਭ ਤੋਂ ਪਹਿਲਾਂ ਅਧਿਆਪਕ ਸਥਾਨਕ ਗਾਂਧੀ ਪਾਰਕ ਵਿਚ ਇਕੱਤਰ ਹੋਏ, ਜਿੱਥੇ ਅਧਿਆਪਕਾਂ ਵਲੋਂ ਆਮ ਆਦਮੀ ਪਾਰਟੀ ਦੇ ਖ਼ਿਲਾਫ਼ ਨਾਅਰੇਬਾਜੀ ਕੀਤੀ ਗਈ। ਇਸ ਰੈਲੀ ਦੌਰਾਨ ਸ਼ਹਿਰ ਦੇ ਗਲੀਆਂ, ਬਾਜ਼ਾਰਾਂ ਵਿਚ ਜਾ ਕੇ ਸਰਕਾਰ ਦੀ ਪੋਲ ਖੋਲ੍ਹਣ ਸੰਬੰਧੀ ਪੈਂਫਲਿਟ ਵੰਡੇ ਗਏ ਅਤੇ ਕੰਧਾਂ ਉੱਪਰ ਇਸ਼ਤਿਹਾਰ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਰੈਲੀ ਦਾ ਮੁੱਖ ਕਾਰਨ ਆਮ ਆਦਮੀ ਪਾਰਟੀ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵਲੋਂ ਯੂਨੀਅਨ ਨਾਲ ਲਗਾਤਾਰ ਕੀਤੀ ਜਾ ਰਹੀ ਲਾਰੇਬਾਜੀ ਦੱਸਿਆ ਗਿਆ। ਯੂਨੀਅਨ ਦੇ ਸੂਬਾ ਪ੍ਰਧਾਨ ਕਮਲ ਠਾਕੁਰ ਨੇ ਦੱਸਿਆ ਕਿ ਕਿਸ ਤਰ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਪਹਿਲਾਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਧਰਨੇ ਵਿਚ ਆ ਕੇ ਕਹਿੰਦੇ ਸਨ ਕਿ ਸਾਡੀ ਸਰਕਾਰ ਬਣਨ 'ਤੇ ਤੁਹਾਡਾ ਮਸਲਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ, ਪਰ ਅੱਜ ਸਰਕਾਰ ਬਣੀ ਨੂੰ ਸਾਢੇ ਤਿੰਨ ਸਾਲ ਹੋਣ ਦੇ ਬਾਵਜੂਦ ਵੀ ਮਸਲਾ ਹੱਲ ਨਹੀਂ ਕੀਤਾ ਜਾ ਰਿਹਾ ਤੇ ਲਾਰੇਬਾਜ਼ੀ ਕਰਕੇ ਮਸਲੇ ਨੂੰ ਲਮਕਾਇਆ ਜਾ ਰਿਹਾ ਹੈ। ਇਸ ਲਾਰੇਬਾਜੀ ਤੋਂ ਦੁਖੀ ਹੋ ਕੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਹੋਏ ਅਧਿਆਪਕਾਂ ਨੇ ਜ਼ਿਮਨੀ ਚੋਣ ਵਿਚ ਆਮ ਆਦਮੀ ਪਾਰਟੀ ਦੀ ਆਮ ਜਨਤਾ ਨਾਲ ਕੀਤੀ ਜਾਂਦੀ ਲਾਰੇਬਾਜੀ ਸੰਬੰਧੀ ਜਾਗਰੂਕਤਾ ਫੈਲਾਈ ਗਈ। ਇਸ ਤੋਂ ਇਲਾਵਾ ਜਨਰਲ ਸਕੱਤਰ ਸੋਹਣ ਸਿੰਘ ਬਰਨਾਲਾ ਨੇ ਦੱਸਿਆ ਕਿ ਕਿਸ ਤਰ੍ਹਾਂ 180 ਈ.ਟੀ.ਟੀ. ਅਧਿਆਪਕਾਂ ਦੀ ਪਿਛਲੇ ਪੰਜ ਸਾਲ ਦੀ ਸੇਵਾ ਨੂੰ ਬਿਨਾਂ ਕਿਸੇ ਕਾਰਨ ਖਤਮ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸਿੱਖਿਆ ਮੰਤਰੀ ਅਤੇ ਸਿੱਖਿਆ ਸਕੱਤਰ ਦੁਆਰਾ ਆਪਣੀ ਰਿਪੋਰਟ ਲਿਖਤੀ ਰੂਪ ਵਿਚ ਤਿਆਰ ਕਰਕੇ ਸਾਰੀ ਗਲਤੀ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦੀ ਕੱਢਣ ਉਪਰੰਤ ਵੀ ਵਿੱਤ ਮੰਤਰੀ ਵਲੋਂ ਮਸਲਾ ਹੱਲ ਨਹੀਂ ਕੀਤਾ ਜਾ ਰਿਹਾ ਹੈ । ਯੂਨੀਅਨ ਆਗੂਆਂ ਨੇ ਦੱਸਿਆ ਕਿ ਜੇਕਰ ਸਾਡਾ ਮਸਲਾ ਹੱਲ ਨਹੀਂ ਕੀਤਾ ਜਾਂਦਾ ਤਾਂ ਆਉਣ ਵਾਲੇ ਦਿਨਾਂ ਵਿਚ ਹਲਕੇ ਤਰਨ ਤਾਰਨ ਵਿਚ ਵੱਡੀ ਪੱਧਰ 'ਤੇ ਗੁਪਤ ਐਕਸ਼ਨ ਕੀਤੇ ਜਾਣਗੇ ਅਤੇ ਪਿੰਡਾਂ ਵਿਚ ਜਾ ਕੇ ਸਰਕਾਰ ਦੇ ਵਿਰੁੱਧ ਭੰਡੀ ਪ੍ਰਚਾਰ ਕੀਤਾ ਜਾਵੇਗਾ। ਲੋਕਾਂ ਨੂੰ ਸਰਕਾਰ ਦੀਆਂ ਗਲਤ ਨੀਤੀਆਂ ਤੋਂ ਜਾਗਰੂਕ ਕੀਤਾ ਜਾਵੇਗਾ। ਇਸ ਰੈਲੀ ਵਿਚ ਸੂਬਾ ਪ੍ਰਧਾਨ ਕਮਲ ਠਾਕੁਰ, ਜਨਰਲ ਸਕੱਤਰ ਸੋਹਨ ਸਿੰਘ ਬਰਨਾਲਾ, ਵਿੱਤ ਸਕੱਤਰ ਗੁਰਮੁਖ ਸਿੰਘ ਪਟਿਆਲਾ, ਜ਼ਿਲ੍ਹਾ ਪ੍ਰਧਾਨ ਗੁਰਸਾਹਿਬ ਸਿੰਘ, ਜ਼ਿਲ੍ਹਾ ਆਗੂ ਸੁਰਿੰਦਰ ਸਿੰਘ ਅਤੇ ਹੋਰ ਅਧਿਆਪਕ ਆਗੂਆਂ ਤੋਂ ਇਲਾਵਾ ਗੌਰਮਿਟ ਟੀਚਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ, ਕੁਲਜੀਤ ਸਿੰਘ, ਸੁਰਜੀਤ ਸਿੰਘ, ਕਿਰਪਾਲ ਸਿੰਘ ਬਲਾਕ ਸਮਾਣਾ ਤੋਂ ਆਗੂ ਗੁਰਪ੍ਰੀਤ ਸਿੰਘ ਸਿੱਧੂ, 6505 ਯੂਨੀਅਨ ਤੋਂ ਸੀਨੀਅਰ ਮੀਤ ਪ੍ਰਧਾਨ, ਰਾਕੇਸ਼ ਗੁਰਦਾਸਪੁਰ, ਵਿਕਰਮਜੀਤ ਸਿੰਘ, ਅਵਤਾਰ ਸਿੰਘ ਡਲੇਕੇ, ਸੀ.ਐ ?ਚ.ਟੀ., ਸੁਖਜੀਤ ਸਿੱਘ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਤੋਂ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਲ੍ਹ, ਸਕੱਤਰ ਫਤਹਿਚੰਦ ਪਿੰਦੀ, ਜ਼ੋਨ ਪ੍ਰਧਾਨ ਨਿਸ਼ਾਨ ਸਿੰਘ, ਜ਼ੋਨ ਪ੍ਰਧਾਨ ਹਰਵਿੰਦਰਜੀਤ ਸਿੰਘ ਕੰਗ, ਗੁਰਜੀਤ ਸਿੰਘ, ਕਿਸਾਨ ਆਗੂ ਬਲਦੇਵ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਅਧਿਆਪਕਾਂ ਸਮੇਤ ਕਿਸਾਨ ਹਾਜ਼ਰ ਸਨ।

ਔਰਤਾਂ ਨਾਲ ਧੱਕਾਮੁੱਕੀ ਕਰਨ, ਕੱਪੜੇ ਪਾੜਨ ਅਤੇ ਸੱਟਾਂ ਮਾਰ ਕੇ ਜ਼ਖ਼ਮੀ ਕਰਨ ਦੋਸ਼ ਹੇਠ ਚਾਰ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

ਦੋ ਵਿਅਕਤੀ ਗ੍ਰਿਫ਼ਤਾਰ

ਤਰਨ ਤਾਰਨ, 19 ਅਕਤੂਬਰ (ਹਰਿੰਦਰ ਸਿੰਘ)-ਥਾਣਾ ਚੋਹਲਾ ਸਾਹਿਬ ਦੀ ਪੁਲਿਸ ਵਲੋਂ ਔਰਤਾਂ ਨਾਲ ਧੱਕਾ ਮੁੱਕੀ ਕਰਨ, ਕੱਪੜੇ ਪਾੜ੍ਹਨ ਅਤੇ ਸੱਟਾਂ ਮਾਰ ਕੇ ਜ਼ਖ਼ਮੀ ਕਰਨ ਦੇ ਦੋਸ਼ ਹੇਠ ਚਾਰ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਉਕਤ ਵਿਅਕਤੀਆਂ ਵਿਚੋਂ ਪੁਲਿਸ ਵਲੋਂ ਦੋ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦਕਿ ਬਾਕੀ ਵਿਅਕਤੀਆਂ ਦੀ ਗ੍ਰਿਫ਼ਤਾਰੀ ਲਈ ਭਾਲ ਕੀਤੀ ਜਾ ਰਹੀ ਹੈ। ਪੁਲਿਸ ਨੂੰ ਦਰਜ ਕਰਵਾਏ ਬਿਆਨਾਂ ਵਿਚ ਰਾਮ ਸਿੰਘ ਪੁੱਤਰ ਸਵਿੰਦਰ ਸਿੰਘ ਵਾਸੀ ਚੰਬਾ ਕਲਾਂ ਨੇ ਦੱਸਿਆ ਕਿ ਉਹ ਮਿਤੀ 17 ਅਕਤੂਬਰ ਸ਼ਾਮ ਸਮਾਂ ਕਰੀਬ 9 ਵਜੇ ਰਾਤ ਦਾ ਹੋਵੇਗਾ ਕਿ ਕੁਲਬੀਰ ਸਿੰਘ ਪੁੱਤਰ ਸੁਰਜਨ ਸਿੰਘ, ਗੁਰਪ੍ਰੀਤ ਸਿੰਘ ਉਰਫ਼ ਗੋਪੀ, ਸੁਖਜਿੰਦਰ ਸਿੰਘ ਉਰਫ਼ ਸਿਕੰਦਰ, ਬਲਜਿੰਦਰ ਸਿੰਘ ਉਰਫ ਨਿੱਕੂ ਪੁਤਰਾਨ ਮਹਿੰਦਰ ਸਿੰਘ ਸਾਰੇ ਵਾਸੀਆਨ ਚੰਬਾ ਕਲਾਂ ਉਸ ਦੇ ਘਰ ਅੰਦਰ ਦਾਖਲ ਹੋਏ ਤੇ ਆਉਂਦੇ ਸਾਰ ਹੀ ਲਲਕਾਰਾ ਮਾਰਿਆ ਕਿ ਇਨ੍ਹਾਂ ਨੂੰ ਨਸ਼ਾ ਕਰਨ ਤੋਂ ਰੋਕਣ ਦਾ ਮਜਾ ਚਿਖਾ ਦਿਓ, ਤਾਂ ਮੈਂ ਇਨ੍ਹਾਂ ਤੋਂ ਡਰਦਾ ਮਾਰਾ ਘਰ ਦੇ ਬੈਡ ਰੂਮ ਵਿਚ ਲੁੱਕ ਗਿਆ ਤੇ ਦਰਵਾਜੇ ਅੰਦਰੋਂ ਕੁੰਡੀ ਮਾਰ ਲਈ ਤਾਂ ਗੁਰਪ੍ਰੀਤ ਸਿੰਘ ਉਰਫ ਗੋਪੀ ਨੇ ਬਾਹਰੋਂ ਦਰਵਾਜੇ ਉੱਪਰ ਦਾਤਰ ਮਾਰਨੇ ਸ਼ੁਰੂ ਕਰ ਦਿੱਤੇ। ਮੇਰੇ ਪਰਿਵਾਰ ਨੇ ਇਨ੍ਹਾਂ ਨੂੰ ਅਜਿਹਾ ਕਰਨ ਤੋਂ ਰੋਕਿਆ ਤਾਂ ਉਕਤ ਵਿਅਕਤੀਆਂ ਵਲੋਂ ਮੇਰੀ ਭੈਣ ਸਤਵਿੰਦਰ ਕੌਰ ਅਤੇ ਘਰਵਾਲੀ ਕਿਰਨਦੀਪ ਕੌਰ ਨਾਲ ਧੱਕਾ ਮੁੱਕੀ ਕੀਤੀ ਅਤੇ ਮੇਰੀ ਭੈਣ ਸਤਵਿੰਦਰ ਕੌਰ ਦੇ ਕੱਪੜੇ ਪਾੜ੍ਹ ਦਿੱਤੇ। ਜਦ ਮੈਂ ਇਨ੍ਹਾਂ ਨੂੰ ਰੋਕਣ ਲਈ ਬਾਹਰ ਆਇਆ ਤਾਂ ਇਨ੍ਹਾਂ ਵਲੋਂ ਮੈਨੂੰ ਫੜ ਕੇ ਮੇਰੀ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ। ਅਸੀਂ ਮਾਰ ਦਿੱਤਾ ਮਾਰ ਦਿੱਤਾ ਦਾ ਰੌਲਾ ਪਾਇਆ ਤਾਂ ਉਕਤ ਸਾਰੇ ਵਿਅਕਤੀ ਧਮਕੀਆਂ ਦਿੰਦੇ ਹੋਏ ਮੌਕੇ ਤੋਂ ਫ਼ਰਾਰ ਹੋ ਗਏ। ਸ਼ਿਕਾਇਤਕਰਤਾ ਨੇ ਦੱਸਿਆ ਕਿ ਵਜ੍ਹਾ ਰੰਜਿਸ਼ ਇਹ ਹੈ ਕਿ ਮੈਂ ਇਨ੍ਹਾਂ ਵਿਅਕਤੀਆਂ ਨੂੰ ਨਸ਼ਾ ਪੀਣ ਤੋਂ ਰੋਕਦਾ ਸੀ। ਇਸ ਸੰਬੰਧੀ ਏ.ਐਸ.ਆਈ. ਹਰਦੀਪ ਸਿੰਘ ਨੇ ਕਾਰਵਾਈ ਕਰਦਿਆਂ ਕੁਲਬੀਰ ਸਿੰਘ, ਗੁਰਪ੍ਰੀਤ ਸਿੰਘ ਉਰਫ ਗੋਪੀ, ਸੁਖਜਿੰਦਰ ਸਿੰਘ ਉਰਫ਼ ਸਕੰਦਰ, ਬਲਜਿੰਦਰ ਸਿੰਘ ਉਰਫ ਨਿੱਕੂ ਸਾਰੇ ਵਾਸੀਆਨ ਚੰਬਾ ਕਲਾਂ ਦੇ ਖ਼ਿਲਾਫ਼ ਮਾਮਲਾ ਦਰਜ ਕਰਕੇ ਕੁਲਬੀਰ ਸਿੰਘ ਅਤੇ ਗੁਰਪ੍ਰੀਤ ਸਿੰਘ ਉਰਫ਼ ਗੋਪੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦਕਿ ਬਾਕੀ ਵਿਅਕਤੀਆਂ ਦੀ ਗ੍ਰਿਫ਼ਤਾਰੀ ਲਈ ਇਲਾਕੇ ਵਿਚ ਛਾਪਾਮਾਰੀ ਕੀਤੀ ਜਾ ਰਹੀ ਹੈ।

ਪਿੰਡ ਦਬੁਰਜੀ ਵਿਖੇ ਕਾਂਗਰਸੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਹੱਕ ਵਿਚ ਚੋਣ ਪ੍ਰਚਾਰ ਕਰਦੇ ਹੋਏ ਕੁਲਬੀਰ ਸਿੰਘ ਜ਼ੀਰਾ ਸਾਬਕਾ ਵਿਧਾਇਕ, ਨਾਲ ਹਨ ਰਾਜਬੀਰ ਸਿੰਘ ਭੁੱਲਰ ਅਤੇ ਹੋਰ। ਤਸਵੀਰ: ਮਨਜੀਤ ਸਿੰਘ

ਕੁਲਬੀਰ ਸਿੰਘ ਜ਼ੀਰਾ ਨੇ ਜ਼ਿਮਨੀ ਚੋਣ ਲਈ ਉਮੀਦਵਾਰ ਕਰਨ ਬੁਰਜ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ

ਜ਼ਿਮਨੀ ਚੋਣ ਵਿਚ ਸਰਕਾਰ ਦੀ ਕਿਸੇ ਵੀ ਧੱਕੇਸ਼ਾਹੀ ਨੂੰ ਨਹੀਂ ਕੀਤਾ ਜਾਵੇਗਾ ਬਰਦਾਸ਼ਤ- ਜ਼ੀਰਾ

ਤਰਨ ਤਾਰਨ, 19 ਅਕਤੂਬਰ (ਹਰਿੰਦਰ ਸਿੰਘ)-11 ਨਵੰਬਰ ਨੂੰ ਹੋਣ ਜਾ ਰਹੀ ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਜ਼ਿਮਨੀ ਚੋਣ ਲਈ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਹੱਕ ਵਿਚ ਦਿਨ ਰਾਤ ਡੱਟ ਕੇ ਚੋਣ ਪ੍ਰਚਾਰ ਕਰ ਰਹੇ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਵਲੋਂ ਪਿੰਡ ਦਬੁਰਜੀ ਦੇ ਸਰਪੰਚ ਕੰਵਲਜੋਤ ਸਿੰਘ ਸੋਨੀ ਦੇ ਗ੍ਰਹਿ ਵਿਖੇ ਭਰਵੇਂ ਇਕੱਠ ਦੌਰਾਨ ਲੋਕਾਂ ਨੂੰ ਕਾਂਗਰਸ ਪਾਰਟੀ ਦੀਆਂ ਨੀਤੀਆਂ ਪ੍ਰਤੀ ਲਾਮਬੰਦ ਕੀਤਾ ਗਿਆ। ਇਸ ਮੌਕੇ 'ਤੇ ਬੋਲਦਿਆਂ ਕੁਲਬੀਰ ਸਿੰਘ ਜ਼ੀਰਾ ਸਾਬਕਾ ਵਿਧਾਇਕ ਨੇ ਕਿਹਾ ਕਿ ਇਨਕਲਾਬ ਦੇ ਨਾਅਰੇ ਲਗਾ ਕੇ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਪੁੱਠਾ ਗੇੜ ਸ਼ੁਰੂ ਹੋ ਚੁੱਕਾ ਹੈ, ਕਿਉਂਕਿ ਆਮ ਆਦਮੀ ਪਾਰਟੀ ਨੂੰ ਹਰੇਕ ਵਰਗ ਨੇ ਮੁੱਢ ਤੋਂ ਨਕਾਰ ਦਿੱਤਾ ਹੈ। ਸੂਬੇ ਵਿਚ ਗੈਂਗਸਟਰਵਾਦ ਦੇ ਬੋਲਬਾਲੇ ਕਰਕੇ ਆਮ ਲੋਕ ਸਹਿਮ ਭਰੇ ਮਾਹੌਲ ਵਿਚ ਜੀਅ ਰਹੇ ਹਨ। ਕੁਲਬੀਰ ਸਿੰਘ ਜ਼ੀਰਾ ਨੇ ਕਿਹਾ ਕਿ ਜ਼ਿਮਨੀ ਚੋਣ ਵਿਚ ਜੋ ਆਮ ਆਦਮੀ ਪਾਰਟੀ ਨੇ ਹਲਕੇ ਦੇ ਲੋਕਾਂ ਵਲੋਂ ਦੋ ਵਾਰ ਨਕਾਰੇ ਜਾ ਚੁੱਕੇ ਦਲ ਬਦਲੂ ਲੀਡਰ ਨੂੰ ਟਿਕਟ ਦੇ ਕੇ ਨਿਵਾਜਿਆ ਹੈ, ਉਸ ਨੂੰ ਹਲਕੇ ਦੇ ਲੋਕ ਤੀਸਰੀ ਵਾਰ ਵੀ ਹਾਰ ਦੀ ਹੈਟ੍ਰਿਕ ਦਾ ਮੂੰਹ ਵਿਖਾਉਣਗੇ। ਉਨ੍ਹਾਂ ਕਿਹਾ ਕਿ ਸਰਕਾਰ ਦੀ ਕਿਸੇ ਵੀ ਧੱਕੇਸ਼ਾਹੀ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ 'ਤੇ ਇਸ ਮੌਕੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਤੇ ਹਲਕਾ ਤਰਨ ਤਾਰਨ ਦੇ ਸੀਨੀਅਰ ਕਾਂਗਰਸੀ ਆਗੂ ਰਾਜਬੀਰ ਸਿੰਘ ਭੁੱਲਰ, ਬਲਦੇਵ ਸਿੰਘ, ਮਨਜੀਤ ਸਿੰਘ, ਬਲਜੀਤ ਸਿੰਘ, ਪ੍ਰਦੀਪ ਸਿੰਘ, ਉੱਤਮ ਸਿੰਘ, ਹਰਜਿੰਦਰ ਸਿੰਘ ਸਰਪੰਚ ਦੀਨੇਵਾਲ, ਪ੍ਰਦੀਪ ਸਿੰਘ ਸਰਪੰਚ ਕੋਟ ਦੁਸੰਦੀ ਮੱਲ, ਸਤਪਾਲ ਸਿੰਘ ਲਾਡੀ ਜੋਹਲ, ਸਰਪੰਚ ਬਲਦੇਵ ਸਿੰਘ, ਮਨਜੀਤ ਸਿੰਘ ਮੌਬਰ ਪੰਚਾਇਤ, ਬਲਜੀਤ ਸਿੰਘ, ਗੁਰਜੀਤ ਸਿੰਘ, ਅੰਗਰੇਜ਼ ਸਿੰਘ, ਹਰਦੀਪ ਸਿੰਘ ਮੌਬਰ ਪੰਚਾਇਤ, ਸੁਖਵਿੰਦਰ ਸਿੰਘ ਮੌਬਰ ਪੰਚਾਇਤ, ਹਰਜਿੰਦਰ ਸਿੰਘ ਮੌਬਰ ਪੰਚਾਇਤ, ਹੀਰਾ ਸਿੰਘ, ਗੁਰਵਿੰਦਰ ਸਿੰਘ ਬੌਬੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਪਿੰਡ ਵਿਚ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਸੰਬੰਧੀ ਜਾਗਰੂਕ ਕਰਦੇ ਹੋਏ ਅਧਿਕਾਰੀ।

ਤਹਿਸੀਲਦਾਰਾਂ ਤੇ ਨਾਇਬ ਤਹਿਸੀਲਦਾਰਾਂ ਨੇ ਪਿੰਡ-ਪਿੰਡ ਜਾ ਕੇ ਕਿਸਾਨਾਂ ਤੱਕ ਕੀਤੀ ਪਹੁੰਚ

ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਆ

ਤਰਨ ਤਾਰਨ, 19 ਅਕਤੂਬਰ (ਪਰਮਜੀਤ ਜੋਸ਼ੀ)-ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮਾਲ ਵਿਭਾਗ ਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵਲੋਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਲਗਾਤਾਰ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਤਹਿਸੀਲਦਾਰਾਂ ਅਤੇ ਨਾਇਬ ਤਹਿਸੀਲਦਾਰਾਂ ਨੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿਚ ਜਾ ਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਜਾਗਰੂਕ ਕੀਤਾ। ਇਸ ਮੌਕੇ ਤਹਿਸੀਲਦਾਰ ਅਰਚਨਾ ਸ਼ਰਮਾ ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਪਰਾਲੀ ਨੂੰ ਅੱਗ ਲਾਉਣ ਨਾਲ ਮਿੱਤਰ ਕੀੜੇ ਮਰ ਜਾਂਦੇ ਹਨ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਘੱਟਦੀ ਹੈ। ਪਰਾਲੀ ਨੂੰ ਅੱਗ ਲਾਉਣ ਨਾਲ ਸੜਕੀ ਹਾਦਸੇ ਵਾਪਰਦੇ ਹਨ। ਉਨ੍ਹਾਂ ਦੱਸਿਆ ਕਿ ਇਕ ਏਕੜ ਦੀ ਪਰਾਲੀ ਨੂੰ ਅੱਗ ਲਾਉਣ ਨਾਲ ਸਾਡਾ ਤਕਰੀਬਨ ਤਿੰਨ ਹਜ਼ਾਰ ਰੁਪਏ ਦਾ ਨੁਕਸਾਨ ਹੋ ਜਾਂਦਾ ਹੈ। ਇਸ ਮੌਕੇ ਮਾਲ ਵਿਭਾਗ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਦੇ ਨਾਲ ਸਥਾਨਕ ਥਾਣਿਆਂ ਦੇ ਐਸਐਚਓ ਵੀ ਹਾਜ਼ਰ ਸਨ।

ਛਾਪਾ ਮਾਰਨ ਗਈ ਪੁਲਿਸ ਪਾਰਟੀ ਨਾਲ ਗਾਲੀ ਗਲੋਚ ਕਰਨ 'ਤੇ ਚਾਰ ਵਿਅਕਤੀਆਂ ਦੇ ਖ਼ਿਲਾਫ਼ ਮਾਮਲਾ ਦਰਜ

ਤਰਨ ਤਾਰਨ, 19 ਅਕਤੂਬਰ (ਇਕਬਾਲ ਸਿੰਘ ਸੋਢੀ)-ਛਾਪਾ ਮਾਰਨ ਗਈ ਪੁਲਿਸ ਪਾਰਟੀ ਨੂੰ ਗਾਲੀ ਗਲੋਚ ਕਰਨ ਅਤੇ ਬਹਿਸਬਾਜੀ ਕਰਨ ਦੇ ਦੋਸ਼ ਹੇਠ ਥਾਣਾ ਖੇਮਕਰਨ ਦੀ ਪੁਲਿਸ ਵਲੋਂ ਚਾਰ ਵਿਅਕਤੀਆਂ ਦੇ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਏ.ਐਸ.ਆਈ. ਸ਼ਿੰਗਾਰਾ ਸਿੰਘ ਨੇ ਦੱਸਿਆ ਕਿ ਉਹ ਸਾਥੀ ਕਰਮਚਾਰੀਆਂ ਸਮੇਤ ਗਸ਼ਤ ਦੇ ਸੰਬੰਧ ਵਿਚ ਪਿੰਡ ਲਾਧਣਾ ਮੌਜੂਦ ਸਨ ਕਿ ਉਨ੍ਹਾਂ ਨੂੰ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਦੀਪਕ ਕੁਮਾਰ ਪੁੱਤਰ ਸਵਰਨਜੀਤ ਸਿੰਘ ਨਾਂਅ ਦਾ ਵਿਅਕਤੀ, ਜਿਸ ਦੀ ਪਿੰਡ ਲਾਧਣਾ ਤੋਂ ਭੰਡਾਲ ਨੂੰ ਜਾਂਦੀ ਸੜਕ ਦੇ ਸੱਜੇ ਹੱਥ ਬਹਿਕ ਹੈ, ਉਹ ਆਪਣੇ ਘਰ ਵਿਚ ਭੱਠੀ ਲਗਾ ਕੇ ਨਾਜਾਇਜ਼ ਸ਼ਰਾਬ ਕੱਢ ਕਰ ਰਿਹਾ ਹੈ। ਜੇਕਰ ਹੁਣੇ ਛਾਪਾ ਮਾਰਿਆ ਜਾਵੇ ਤਾਂ ਉਕਤ ਵਿਅਕਤੀ ਕਾਬੂ ਆ ਸਕਦਾ ਹੈ। ਇਸ 'ਤੇ ਪੁਲਿਸ ਪਾਰਟੀ ਵਲੋਂ ਮੁੱਖ ਅਫ਼ਸਰ ਥਾਣਾ ਵਲਟੋਹਾ ਸਮੇਤ ਦੀਪਕ ਕੁਮਾਰ ਦੀ ਦੀ ਬਹਿਕ 'ਤੇ ਪੁੱਜ ਕੇ ਛਾਪਾ ਮਾਰਿਆ ਤਾਂ ਘਰ ਵਿਚ ਨਾਜਾਇਜ਼ ਸ਼ਰਾਬ ਦੀ ਭੱਠੀ ਚੱਲ ਰਹੀ ਸੀ ਅਤੇ ਉ